# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-11-2024**

ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ 'ਚ ਜ਼ਿਮਨੀ ਚੋਣਾਂ ਲਈ ਵੋਟਿੰਗ, ਅੱਜ ਸਵੇਰ ਤੋਂ ਸ਼ਾਂਤੀ ਪੂਰਣ ਢੰਗ ਨਾਲ ਚੱਲ ਰਹੀ ਏ। ਇਨ੍ਹਾਂ ਹਲਕਿਆਂ ਵਿੱਚ, ਬਰਨਾਲਾ, ਸ੍ਰੀ ਮੁਕਤਸਰ ਸਾਹਿਬ ਦਾ ਗਿੱਦੜਬਾਹਾ, ਗੁਰਦਾਸਪੁਰ ਦਾ ਡੇਰਾ ਬਾਬਾ ਨਾਨਕ ਅਤੇ ਹੁਸ਼ਿਆਰਪੁਰ ਦਾ ਰਾਖਵਾਂ ਹਲਕਾ ਚੱਬੇਵਾਲ ਸ਼ਾਮਿਲ ਨੇ. 7 ਲੱਖ ਦੇ ਕਰੀਬ ਵੋਟਰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਣ ਦੇ ਯੋਗ ਨੇ. ,ਇਸ ਦੌਰਾਨ ਚੱਬੇਵਾਲ ਤੋਂ ਵੋਟਰਾਂ ਦਾ ਕਹਿਣਾ ਏ ਕਿ byte - ਓਧਰ ਡੇਰਾ ਬਾਬਾ ਨਾਨਕ ਦੇ ਵੋਟਰਾਂ ਨੇ ਕਿਹਾ – byte- ਪੰਜਾਬ ਮੁੱਖ ਚੋਣ ਦਫ਼ਤਰ ਦੇ ਹਲਕਿਆਂ ਅਨੁਸਾਰ ਸਵੇਰੇ 11 ਵਜੇ ਤੱਕ 20.76 ਫ਼ੀਸਦੀ ਪੋਲਿੰਗ ਦਰਜ ਕੀਤੀ ਗਈ। ਭਾਜਪਾ ਵੱਲੋਂ ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ, ਕੇਵਲ ਸਿੰਘ ਢਿੱਲੋਂ, ਰਵੀਕਰਨ ਸਿੰਘ ਕਾਹਲੋਂ

ਅਤੇ Sohan Singh Than-dal ਚੋਣ ਮੈਦਾਨ ਵਿੱਚ ਨੇ. ਕਾਂਗਰਸ ਵੱਲੋਂ ਅੰਮ੍ਰਿਤਾ ਵੜਿੰਗ ਤੇ ਜਤਿੰਦਰ ਕੋਰ ਅਤੇ ਹਰਦੀਪ ਸਿੰਘ ਡਿੰਪੀ ਢਿੱਲੋਂ ਤੇ ਇਸ਼ਾਂਕ ਕੁਮਾਰ ਚੱਬੇਵਾਲ 'ਆਪ' ਦੇ ਉਮੀਦਵਾਰ ਨੇ. ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਨੇ. ਸਾਰੇ 831 ਵੋਟ ਕੇਂਦਰਾਂ ਦੀ 100 ਫੀਸਦੀ ਲਾਈਵ ਵੈਬਕਾਸਟਿੰਗ ਦੇ ਨਾਲ ਸੀਸੀਟੀਵੀ ਕੈਮਰਿਆਂ ਰਾਹੀਂ ਨਿਗਰਾਨੀ ਕੀਤੀ ਜਾ ਰਹੀ ਏ ਅਤੇ real-time ਨਿਗਰਾਨੀ ਨੂੰ ਯਕੀਨੀ ਬਣਾਇਆ ਜਾ ਰਿਹਾ ਏ। ਵੋਟਿੰਗ ਸ਼ਾਮ 6.00 ਵਜੇ ਖਤਮ ਹੋਵੇਗੀ। ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ। ਹਲਕਿਆਂ ਦੀ ਨੁਮਾਇੰਦਗੀ ਕਰਨ ਵਾਲੇ ਵਿਧਾਇਕਾਂ ਦੇ ਲੋਕ ਸਭਾ ਲਈ ਚੁਣੇ ਜਾਣ ਤੋਂ ਬਾਅਦ ਜ਼ਿਮਨੀ ਚੋਣਾਂ ਕਰਾਉਣੀਆਂ ਜ਼ਰੂਰੀ ਹੋ ਗਈਆਂ ਸਨ।

-------------------------------------------------------------

ਬਠਿੰਡਾ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਹੁਣ ਤੱਕ 12,07,816 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ, ਜਿਸ 'ਚੋਂ 11 ਲੱਖ 4 ਹਜ਼ਾਰ 378 ਮੀਟ੍ਰਿਕ ਟਨ ਝੋਨਾ ਵੱਖ-ਵੱਖ ਖਰੀਦ ਏਜੰਸੀਆਂ ਵਲੋਂ ਖਰੀਦਿਆ ਗਿਆ ਏ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ

ਇੱਕ  ਮੀਟਿੰਗ ਦੌਰਾਨ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਸਖਤ ਆਦੇਸ਼ ਦਿੱਤੇ  ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਚੋਂ ਝੋਨੇ ਦੀ ਜਲਦ ਤੋਂ ਜਲਦ ਚੁਕਾਈ ਕਰਵਾ ਕੇ ਮੰਡੀਆਂ ਨੂੰ ਖਾਲੀ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਝੋਨੇ ਦੀ ਖਰੀਦ ਤੇ ਚੁਕਾਈ 'ਚ ਹੋਰ ਤੇਜ਼ੀ ਲਿਆਂਦੀ ਜਾਵੇ।

----------------------------------------------------------

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਏ ਕਿ ਪ੍ਰਤੀ ਹੈਕਟੇਅਰ ਝੋਨੇ ਦੇ ਔਸਤ ਝਾੜ ਵਿਚ 1.4 ਕੁਇੰਟਲ ਦਾ ਵਾਧਾ ਦਰਜ ਕੀਤਾ ਗਿਆ ਏ। ਦੱਸਣਯੋਗ ਏ ਕਿ ਹੁਣ ਤੱਕ ਸੂਬੇ ਵਿਚ ਝੋਨੇ ਦੀ 97 ਫ਼ੀਸਦ ਕਟਾਈ ਮੁਕੰਮਲ ਹੋ ਚੁੱਕੀ ਏ। ਸੂਬੇ ਵਿਚ ਚੱਲ ਰਹੀ ਕਣਕ ਦੀ ਬਿਜਾਈ ਬਾਰੇ ਉਨ੍ਹਾਂ ਦੱਸਿਆ ਕਿ ਨਿਰਧਾਰਿਤ 35 ਲੱਖ ਹੈਕਟੇਅਰ ਰਕਬੇ ਦੇ ਟੀਚੇ ਵਿਚੋਂ 27 ਲੱਖ ਹੈਕਟੇਅਰ ਰਕਬੇ ਵਿਚ ਕਣਕ ਦੀ ਬਿਜਾਈ ਹੋ ਚੁੱਕੀ ਏ ਤੇ ਇਸ ਨਾਲ ਲਗਭਗ 77 ਫ਼ੀਸਦ ਟੀਚਾ ਪੂਰਾ ਕਰ ਲਿਆ ਗਿਆ ਏ। ਖਾਦਾਂ ਦੀ ਮੌਜੂਦਾ ਸਥਿਤੀ ਬਾਰੇ ਉਹਨਾਂ ਦੱਸਿਆ ਕਿ ਹਾੜ੍ਹੀ ਸੀਜ਼ਨ 2024-25

ਲਈ ਸੂਬੇ ਵਿਚ ਇਸ ਸਮੇਂ ਕੁੱਲ 4.20 ਲੱਖ ਮੀਟ੍ਰਿਕ ਟਨ  ਡੀ. ਏ. ਪੀ. ਤੇ 0.55 ਲੱਖ ਮੀਟ੍ਰਿਕ ਟਨ ਹੋਰ ਫਾਸਫੇਟਿਕ ਖਾਦਾਂ ਉਪਲਬਧ ਨੇ ।

------------------------------------------------------------

ਭਾਰਤੀ ਜਨਤਾ ਪਾਰਟੀ ਦੇ ਅਨੁਸੂਚਿਤ ਜਾਤੀ ਮੋਰਚਾ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪੰਜਾਬ ਵਿਚ ਡੇਂਗੂ ਬੁਖਾਰ ਨਾਲ ਪੀੜਤ ਮਰੀਜਾਂ ਦਾ ਢੁਕਵਾਂ ਇਲਾਜ ਨਾ ਹੋਣ ਕਾਰਨ ਹੋ ਰਹੀਆਂ ਮੌਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ: ਬਲਵੀਰ ਸਿੰਘ ਨੂੰ ਅਪੀਲ ਕੀਤੀ ਏ ਕਿ ਓਹ ਇਸ ਵੱਲ ਧਿਆਨ ਦੇਣ। ਉਹਨਾਂ ਕਿਹਾ ਕਿ  ਪਟਿਆਲਾ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਡੇਂਗੂ ਬੁਖਾਰ ਦੇ ਪੀੜਤਾਂ ਦਾ ਸਹੀ ਇਲਾਜ ਨਾ ਹੋਣ ਕਾਰਨ ਮੌਤਾਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਏ । ਉਹਨਾਂ ਕਿਹਾ ਕਿ  ਸਰਕਾਰ ਦਾ ਸਿਹਤ ਵਿਭਾਗ ਆਪਣੀ ਜਿੰਮੇਵਾਰੀ ਨਿਭਾਉਣ ਵਿੱਚ ਫੇਲ ਹੋ ਰਿਹਾ ਏ, ਏਥੋਂ ਤਕ ਕਿ  ਸਿਹਤ ਮੰਤਰੀ ਖੁਦ ਆਪਣੇ  ਗ੍ਰਹਿ ਜਿਲ੍ਹੇ ਵਿੱਚ ਡੇਂਗੂ ਬੁਖਾਰ ਨਾਲ ਲੜਨ ਲਈ ਪੁਖਤਾ ਪ੍ਰਬੰਧ ਨਹੀਂ ਕਰ ਪਾ ਰਹੇ ।

---------------------------------------------------------------

ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਜੇਈਈ ਮੇਨਜ਼ ਤੇ ਨੀਟ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਦਾ ਫੈਸਲਾ ਕੀਤਾ ਗਿਆ ਏ । ਸਕੂਲਾਂ ਵਿਚ ਨੀਟ ਪ੍ਰੀਖਿਆ ਲਈ ਆਨਲਾਈਨ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਨੇ । ਸਿੱਖਿਆ ਵਿਭਾਗ ਨੇ ਪਿਛਲੇ ਹਫ਼ਤੇ ਤੋਂ ਜੇਈਈ ਮੇਨਜ਼ ਲਈ ਕੋਚਿੰਗ ਸ਼ੁਰੂ ਕਰ ਦਿੱਤੀ ਏ । ਇਸ ਸਬੰਦੀ  ਆਈ. ਆਈ. ਟੀ. ਕਾਨਪੁਰ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਿਤ ਸਾਫਟਵੇਅਰ ਤਿਆਰ ਕੀਤਾ ਏ । ਇਹ ਸਕੀਮ ਸਿੱਖਿਆ ਮੰਤਰਾਲੇ ਸਕੂਲ ਸਿੱਖਿਆ ਤੇ ਸਾਖਰਤਾ ਸਾਹਿਤ ਐਪ ਨਾਲ ਜੁੜੀ ਹੋਈ ਏ । ਨੀਟ ਪ੍ਰੀਖਿਆ ਲਈ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ ਤੇ ਗਣਿਤ ਦੀਆਂ ਕਲਾਸਾਂ ਸ਼ਾਮ 4.30 ਵਜੇ ਤੋਂ ਸ਼ਾਮ 6.30 ਵਜੇ ਤੱਕ ਹੋਣਗੀਆਂ ।